ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫਾਜ਼ਿਲਕਾ

ਰਿਵਾਜ, ਸੋਚ ਤੇ ਆਦਤ ਬਦਲਣ ਲਈ ਅਧਿਕਾਰੀ ਇਮਾਨਦਾਰੀ ਨਾਲ ਕਰਨ ਡਿਊਟੀ-ਸੁਮੇਰ ਗੁੱਜਰ

ਸਰਕਾਰੀ ਸਕੀਮਾਂ ਨੂੰ ਯੋਗ ਵਿਅਕਤੀਆਂ ਤੱਕ ਪਹੁੰਚਾਉਣਾ ਬਣਾਇਆ ਜਾਵੇ ਯਕੀਨੀ

ਮੀਟਿੰਗ ਦੌਰਾਨ ਸਰਕਾਰੀ ਸਕੀਮਾਂ ਦਾ ਕੀਤਾ ਲੇਖਾ-ਜੋਖਾ

ਫਾਜ਼ਿਲਕਾ 11 ਅਕਤੂਬਰ

ਰਿਵਾਜ, ਸੋਚ ਤੇ ਆਦਤ ਬਦਲਣ ਲਈ ਅਧਿਕਾਰੀਆਂ ਨੂੰ ਇਮਾਨਦਾਰੀ ਨਾਲ ਡਿਊਟੀ ਕਰਨੀ ਚਾਹੀਦੀ ਹੈ। ਇਹ ਵਿਚਾਰ ਫਿਰੋਜ਼ਪੁਰ ਮੰਡਲ ਕਮਿਸ਼ਨਰ ਸ੍ਰੀ ਸੁਮੇਰ ਗੁੱਜਰ ਨੇ ਵੱਖ-ਵੱਖ ਸਕੀਮਾਂ ਬਾਰੇ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੀਤੀ ਗਈ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਉਨ੍ਹਾਂ ਵੱਲੋ ਅਧਿਕਾਰੀਆਂ ਨੂੰ ਲੋੜੀਂਦੇ ਆਦੇਸ਼ ਵੀ ਦਿੱਤੇ ਗਏ। ਇਸ ਦੌਰਾਨ ਉਨ੍ਹਾਂ  ਅਧਿਕਾਰੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਨ੍ਹਾਂ ਨਾਲ ਆਪਣੇ ਤਜਰਬੇ ਵੀ ਸਾਂਝੇ ਕੀਤੇ। ਇਸ ਮੌਕੇ ਡਿਪਟੀ ਸ੍ਰੀਮਤੀ ਈਸ਼ਾ ਕਾਲੀਆਂ ਨੇ ਵਿਸ਼ਵਾਸ਼ ਦਵਾਇਆ ਕਿ ਅਧਿਕਾਰੀ  ਜ਼ਿਲ੍ਹੇ ਅੰਦਰ ਸਰਕਾਰੀ ਸਕੀਮਾਂ ਨੂੰ ਯੋਗ ਵਿਅਕਤੀਆਂ ਤੱਕ ਪਹੁੰਚਾਉਣ ਲਈ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ ਅਤੇ ਕਿਸੇ ਵੀ ਲੋੜਵੰਦ ਤੇ ਯੋਗ ਲਾਭਪਾਤਰੀ ਨੂੰ ਸਰਕਾਰੀ ਸਕੀਮਾਂ ਦਾ ਲਾਹਾ ਲੈਣ ਤੋ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।

ਮੀਟਿੰਗ ਦੌਰਾਨ ਮੰਡਲ ਕਮਿਸ਼ਨਰ ਨੇ ਕਿਹਾ ਕਿ ਅਧਿਕਾਰੀਆਂ ਨੂੰ ਸਰਕਾਰ ਵੱਲੋਂ ਮਹੁੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਦਾ ਲੋੜਵੰਦ  ਤੇ ਯੋਗ ਲਾਭਪਾਤਰੀਆ ਨੂੰ  ਲਾਭ ਪਹੁੰਚਾਉਣਾ ਯਕੀਨੀ ਬਣਾਉਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਯੋਗ ਵਿਅਕਤੀ ਸਰਕਾਰੀ ਸਕੀਮਾਂ ਦਾ ਲਾਭ ਲੈਣ ਤੋ ਵਾਂਝਾ ਨਹੀਂ ਰਹਿਣਾ ਚਾਹੀਦਾ ਅਤੇ ਕਿਸੇ ਵੀ ਆਯੋਗ ਵਿਅਕਤੀ ਨੂੰ ਨਾਜਾਇਜ ਲਾਭ ਨਹੀਂ ਦੇਣਾ ਚਾਹੀਦਾ। ਉਨ੍ਹਾਂ ਮਗਨਰੇਗਾ ਦੇ ਕੰਮਾਂ ਬਾਰੇ ਵੀ ਸਮੀਖਿਆਂ ਕਰਦਿਆ ਕਿਹਾ ਕਿ ਮਗਨਰੇਗਾ ਕਾਰਡ ਹੋਲਡਰ ਮਜ਼ਦੂਰਾਂ ਤੋ ਵੱਧ ਤੋ ਵੱਧ ਸਰਕਾਰੀ ਕੰਮ ਕਰਵਾਏ ਜਾਣੇ ਯਕੀਨੀ ਬਣਾਏ ਜਾਣ। ਉਨ੍ਹਾਂ ਆਂਗਣਵਾੜੀ ਸੈਂਟਰਾਂ ਸਬੰਧੀ ਕਿਹਾ ਕਿ  ਬੱਚਿਆ ਦਾ ਭਵਿੱਖ ਬਣਾਉਣ ਵਿੱਚ ਬਹੁਤ ਹੀ ਵੱਡਮੁੱਲਾ ਯੋਗਦਾਨ ਹੈ। ਆਗਣਵਾੜੀ ਵਰਕਰਾਂ ਤੇ ਕਰਮਚਾਰੀਆਂ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਣੀ ਚਾਹੀਦੀ ਹੈ।

ਇਸ ਮੌਕੇ ਉਨ੍ਹਾਂ  ਜਿਲ੍ਹੇ ਅੰਦਰ ਜ਼ਮੀਨਾਂ ਦੀ ਨਿਸ਼ਾਨਦੇਹੀ ਸਬੰਧੀ ਜੀ.ਪੀ.ਐਸ ਯੰਤਰ ਦੀ ਵਰਤੋ ਕਰਨ ਸਬੰਧੀ ਡਿਪਟੀ ਕਮਿਸ਼ਨਰ ਵੱਲੋ ਕੀਤੀ ਗਈ ਮੰਗ ਦੇ ਸਬੰਧ ਵਿੱਚ ਕਿਹਾ ਕਿ ਇਸ ਦੀ ਪਰਪੋਜਲ ਬਣਾ ਕੇ ਤਰੁੰਤ ਭੇਜੀ ਜਾਵੇ। ਮੀਟਿੰਗ ਦੌਰਾਨ ਆਟਾ-ਦਾਲ ਸਕੀਮ, ਵੱਖ-ਵੱਖ ਤਰ੍ਹਾਂ ਦੀਆਂ ਪੈਨਸ਼ਨਾਂ, ਅਸ਼ੀਰਵਾਦ ਯੋਜਨਾ , ਪੰਜਾਬ ਅਵਾਸ ਯੋਜਨਾਵਾਂ ਆਦਿ  ਸਬੰਧੀ  ਵਿਚਾਰ

ਚਰਚਾ ਕੀਤੀ ਗਈ ਤੇ ਇਨ੍ਹਾਂ ਸਕੀਮਾਂ ਨੂੰ ਲੋੜਵੰਦ ਵਿਅਕਤੀਆਂ ਤੱਕ ਹੀ ਪਹੁੰਚਾਉਣਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਗਈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰਣਬੀਰ ਸਿੰਘ ਮੁੱਧਲ, ਐਸ.ਡੀ.ਐਮ ਫਾਜ਼ਿਲਕਾ ਸ੍ਰੀ ਬਲਬੀਰ ਰਾਜ ਸਿੰਘ, ਐਸ.ਡੀ.ਐਮ ਅਬੋਹਰ ਮੈਡਮ ਪੂਨਮ ਸਿੰਘ, ਜ਼ਿਲ੍ਹਾ ਮਾਲ ਅਫਸਰ ਸ੍ਰੀਮਤੀ ਪਰਮਜੀਤ ਕੌਰ, ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਸ੍ਰੀ ਮੁਕੇਸ਼ ਗੌਤਮ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਸ਼ਾਮਿਲ ਸਨ।